ਪੁਰਾਤਨ ਹੱਥ ਲਿਖਤ ਬੀੜਾਂ ਅਨੁਸਾਰ ਸ਼ੁਧ ਪਾਠ

# ਤ੍ਵ ਪ੍ਰਸਾਦਿ ਸਵਯੇ ॥

## – ਸੰਥਿਆ ਪੋਥੀ –

ਰੰਗੀਨ ਵਿਸ਼ਰਾਮਾਂ ਸਹਿਤ

(ਅਰਧ ਵਿਸ਼ਰਾਮ / ਜਮਕੀ)

ਪ੍ਰਕਾਸ਼ਕ:

ਤੱਤ ਖ਼ਾਲਸਾ ਜੱਥਾ

## ਤ੍ਵ* ਪ੍ਰਸਾਦਿ ॥ ਸਵਯੇ* ॥

ਸ੍ਰਾਵਗ ਸੁਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰ ਜੋਗ ਜਤੀ ਕੇ ॥ ਸੂਰ ਸੁਰਾਰਦਨ ਸੁਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ ॥ ਸਾਰੇ ਹੀ ਦੇਸ ਕੋ ਦੇਖਿ ਰਹਿਓ ਮਤ ਕੋਊ ਨ ਦੇਖੀਅਤ ਪ੍ਰਾਨਪਤੀ ਕੇ ॥ ਸ੍ਰੀ ਭਗਵਾਨ ਕੀ ਭਾਇ ਕ੍ਰਿਪਾ ਹੂ ਤੇ ਏਕ ਰਤੀ ਬਿਨੁ ਏਕ ਰਤੀ ਕੇ ॥੧॥੨੧॥

ਮਾਤੇ ਮਤੰਗ ਜਰੇ ਜਰ ਸੰਗ ਅਨੂਪ ਉਤੰਗ ਸੁਰੰਗ ਸਵਾਰੇ ॥ ਕੋਟ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕੌ ਜਾਤ ਨਿਵਾਰੇ ॥ ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ ॥ ਏਤੇ ਭਏ

---

* ਨੋਟ:- (੧) ਇਹ ਸਵੱਯੈ ਇੱਕ ਵੱਡੀ ਬਾਣੀ, ਭਾਵ 'ਅਕਾਲ ਉਸਤਤ' ਦੀ ਬਾਣੀ, ਵਿੱਚੋਂ ਹੋਣ ਕਰਕੇ, ਇਸ ਬਾਣੀ ਦਾ ਕੋਈ ਮੰਗਲ ਨਹੀਂ ਲਿਖਿਆ ਹੈ। (੨) 'ਤ੍ਵ' ਦਾ ਉਚਾਰਨ = 'ਤੁਅ'।

ਤੁ ਕਹਾ ਭਏ ਭੂਪਤਿ ਅੰਤ ਕੌ ਨਾਂਗੇ ਹੀ ਪਾਂਇ ਪਧਾਰੇ ॥੨॥੨੨॥

ਜੀਤ ਫਿਰੈ ਸਭ ਦੇਸ ਦਿਸਾਨ ਕੌ ਬਾਜਤ ਢੋਲ ਮ੍ਰਿਦੰਗ ਨਗਾਰੇ ॥ ਗੁੰਜਤ ਗੂੜ ਗਜਾਨ ਕੇ ਸੁੰਦਰ ਹਿੰਸਤ ਹੈਂ ਹਯਰਾਜ* ਹਜਾਰੇ ॥ ਭੂਤ ਭਵਿਖ ਭਵਾਨ ਕੇ ਭੂਪਤਿ ਕਉਨੁ ਗਨੈ ਨਹੀਂ ਜਾਤ ਬਿਚਾਰੇ ॥ ਸ੍ਰੀ ਪਤਿ ਸ੍ਰੀ ਭਗਵਾਨ ਭਜੇ ਬਿਨੁ ਅੰਤ ਕਉ ਅੰਤਕੇ ਧਾਮ ਸਿਧਾਰੇ ॥੩॥੨੩॥

ਤੀਰਥ ਨ੍ਹਾਨ ਦਇਆ ਦਮ ਦਾਨ ਸੁ ਸੰਜਮ ਨੇਮ ਅਨੇਕ ਬਿਸੇਖੇ ॥ ਬੇਦ ਪੁਰਾਨ ਕਤੇਬ ਕੁਰਾਨ ਜਮੀਨ ਜਮਾਨ ਸਬਾਨ ਕੇ ਪੇਖੇ ॥ ਪਉਨ ਅਹਾਰ ਜਤੀ ਜਤ ਧਾਰ ਸਬੈ ਸੁਬਿਚਾਰ ਹਜਾਰਕ* ਦੇਖੇ ॥ ਸ੍ਰੀ ਭਗਵਾਨ ਭਜੇ ਬਿਨੁ ਭੂਪਤਿ ਏਕ ਰਤੀ ਬਿਨੁ ਏਕ ਨ ਲੇਖੇ ॥੪॥੨੪॥

---

* ਨੋਟ:- (੧) 'ਹਯਰਾਜ' ਸਮਾਸੀ ਸ਼ਬਦ ਹੈ, ਇਸ ਦਾ ਉਚਾਰਨ 'ਹਇਰਾਜ' ਕਰਨਾ ਹੈ। (੨) 'ਹਜਾਰਕ' ਦਾ ਉਚਾਰਨ = 'ਹ-ਜਾਰਕ'।

ਸੁਧ ਸਿਪਾਹ ਦੁਰੰਤ ਦੁਬਾਹ ਸੁ ਸਾਜ ਸਨਾਹ ਦੁਰਜਾਨ ਦਲੈਂਗੇ ॥ ਭਾਰੀ ਗੁਮਾਨ ਭਰੇ ਮਨ ਮੈਂ ਕਰ ਪਰਬਤ ਪੰਖ ਹਲੇਂ ਨ ਹਲੈਂਗੇ ॥ ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨ ਮਾਨ ਮਲੈਂਗੇ ॥ ਸ੍ਰੀ ਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗਿ ਜਹਾਨ ਨਿਦਾਨ ਚਲੈਂਗੇ ॥੫॥੨੫॥

ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛਯਾ* ॥ ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲਯਾ* ॥ ਗਾੜ੍ਹੇ ਗੜ੍ਹਾਨ ਕੋ ਤੋੜਨਹਾਰ ਸੁ ਬਾਤਨ ਹੀਂ ਚਕ ਚਾਰ ਲਵਯਾ* ॥ ਸਾਹਿਬੁ ਸ੍ਰੀ ਸਭ ਕੋ ਸਿਰਨਾਇਕੁ ਜਾਚਿਕ ਅਨੇਕ ਸੁ ਏਕੁ ਦਿਵਯਾ* ॥੬॥੨੬॥

---

* ਨੋਟ:- (੧) 'ਭਛਯਾ', 'ਮਲਯਾ', 'ਲਵਯ' ਅਤੇ 'ਦਿਵਯਾ' ਦਾ ਉਚਾਰਨ 'ਭਚਈਆ', 'ਮਲਈਆ', ਆਦਿ ਕਰਨਾ ਹੈ। ਉਚਾਰਨ ਅਦਕ ਸਹਿਤ ਕਰਨਾ ਹੀ ਉਚਿਤ ਹੈ। (੨) ਕਈ ਗੁਟਕਿਆ ਵਿੱਚ ਪਾਠ 'ਕੋਟਿ ਸਿਨਾਨ' ਜਾਂ 'ਕੋਟਿ ਸਨਾਨ' ਦਰਜ ਹੈ, ਪਰ ਕਈ ਹੱਥ ਲਿਖਤ ਬੀੜਾਂ ਵਿੱਚ 'ਕੋਟਿ ਇਸਨਾਨ' ਪਾਠ ਮਿਲਦਾ ਹੈ।

ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿਖ ਭਵਾਨ
ਜਪੈਂਗੇ ॥ ਜੀਵ ਜਿਤੇ ਜਲ ਮੈ ਥਲ ਮੈ ਪਲ ਹੀ ਪਲ
ਮੈ ਸਭ ਥਾਪ ਥਪੈਂਗੇ ॥ ਪੁੰਨ ਪ੍ਰਤਾਪਨ ਬਾਢ ਜੈਤ ਧੁਨਿ
ਪਾਪਨ ਕੇ ਬਹੁ ਪੁੰਜ ਖਪੈਂਗੇ ॥ ਸਾਧ ਸਮੂਹ ਪ੍ਰਸੰਨ
ਫਿਰੈਂ ਜਗ ਸਤ੍ਰੁ ਸਭੈ ਅਵਿਲੋਕ ਚਪੈਂਗੇ ॥੭॥੨੭॥

ਮਾਨਵ ਇੰਦ੍ਰ ਗਜਿੰਦ੍ਰ ਨਰਾਧਿਪ ਜੌਨ ਤ੍ਰਿਲੋਕ ਕੋ ਰਾਜ
ਕਰੈਂਗੇ ॥ ਕੋਟਿ ਇਸਨਾਨ* ਗਜਾਦਿਕ ਦਾਨ ਅਨੇਕ
ਸੁਅੰਬਰ ਸਾਜਿ ਬਰੈਂਗੇ ॥ ਬ੍ਰਹਮ ਮਹੇਸਰ ਬਿਸਨੁ
ਸਚੀਪਤਿ ਅੰਤ ਫਸੇ ਜਮ ਫਾਸਿ ਪਰੈਂਗੇ ॥ ਜੇ ਨਰ ਸ੍ਰੀ
ਪਤਿ ਕੇ ਪ੍ਰਸ ਹੈਂ ਪਗ ਤੇ ਨਰ ਫੇਰਿ ਨ ਦੇਹ ਧਰੈਂਗੇ
॥੮॥੨੮॥

ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰਹਿਓ ਬਕ
ਧਿਆਨੁ ਲਗਾਇਓ ॥ ਨ੍ਹਾਤ ਫਿਰਿਓ ਲੀਏ ਸਾਤ
ਸਮੁੰਦ੍ਰਨਿ ਲੋਕ ਗਇਓ ਪਰਲੋਕ ਗਵਾਇਓ ॥ ਬਾਸੁ
ਕੀਓ ਬਿਖਿਆਨ ਸੋਂ ਬੈਠ ਕੈ ਐਸੇ ਹੀ ਐਸੇ ਸੁ ਬੈਸ
ਬਿਤਾਇਓ ॥ ਸਾਚੁ ਕਹੋਂ ਸੁਨ ਲੇਹੁ ਸਭੈ ਜਿਨ ਪ੍ਰੇਮੁ

ਕੀਓ ਤਿਨ ਹੀ ਪ੍ਰਭੁ ਪਾਇਓ ॥੯॥੨੯॥

ਕਾਹੂ ਲੈ ਪਾਹਨ ਪੂਜ ਧਰਯੋ ਸਿਰਿ ਕਾਹੂ ਲੈ ਲਿੰਗੁ ਗਰੇ ਲਟਕਾਇਓ ॥ ਕਾਹੂ ਲਖਿਓ ਹਰਿ ਅਵਾਚੀ ਦਿਸਾ ਮਹਿ ਕਾਹੂ ਪਛਾਹ ਕੋ ਸੀਸੁ ਨਿਵਾਇਓ ॥ ਕੋਊ ਬੁਤਾਨ ਕੌ ਪੂਜਤ ਹੈ ਪਸੁ ਕੋਊ ਮ੍ਰਿਤਾਨ ਕੌ ਪੂਜਨ ਧਾਇਓ ॥ ਕੂਰ ਕ੍ਰਿਆ ਉਰਝਿਓ ਸਭ ਹੀ ਜਗੁ ਸ੍ਰੀ ਭਗਵਾਨ ਕੋ ਭੇਦੁ ਨ ਪਾਇਓ ॥੧੦॥੩੦॥

(ਦਸਮ ੧੩-੧੫)